# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :14-04-2026**

ਅੱਜ ਦੇਸ਼, ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਡਾ. ਬੀ. ਆਰ. ਅੰਬੇਡਕਰ ਨੂੰ ਉਨ੍ਹਾਂ ਦੀ 136ਵੀਂ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਇਸ ਮੌਕੇ ਨੂੰ ਮਨਾਉਣ ਲਈ ਪੰਜਾਬ ਸਮੇਤ ਦੇਸ਼ ਭਰ ਵਿੱਚ ਕਈ ਸਮਾਗਮ ਕਰਾਏ ਜਾ ਰਹੇ ਨੇ। 14 ਅਪ੍ਰੈਲ 1891 ਨੂੰ ਮੱਧ ਪ੍ਰਦੇਸ਼ ਵਿੱਚ ਜਨਮੇ, ਡਾ. ਬੀ. ਆਰ. ਅੰਬੇਡਕਰ ਨੇ ਆਪਣਾ ਜੀਵਨ, ਸਮਾਜਿਕ ਵਿਤਕਰੇ ਵਿਰੁੱਧ ਲੜਾਈ ਲਈ ਸਮਰਪਿਤ ਕੀਤਾ ਅਤੇ ਔਰਤਾਂ, ਮਜ਼ਦੂਰਾਂ ਅਤੇ ਹਾਸ਼ੀਆਗਤ ਭਾਈਚਾਰਿਆਂ ਲਈ ਬਰਾਬਰ ਅਧਿਕਾਰ ਪ੍ਰਾਪਤ ਕਰਨ ਲਈ ਅਣਥੱਕ ਮਿਹਨਤ ਕੀਤੀ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਗੁਜਰਾਤ ਦੇ ਗਾਂਧੀਨਗਰ ਸਥਿਤ ਲੋਕ ਭਵਨ ਵਿਖੇ ਡਾ. ਬੀ.ਆਰ. ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ OM BIRLA, ਰਾਜ ਸਭਾ ਵਿੱਚ ਵਿਰੋਧੀ

ਧਿਰ ਦੇ ਨੇਤਾ ਮਲਿਕਾਰੁਜਨ ਖੜਗੇ ਸਮੇਤ ਹੋਰ ਕੇਂਦਰੀ ਮੰਤਰੀਆਂ ਅਤੇ ਸੰਸਦ ਮੈਂਬਰਾਂ ਨੇ ਵੀ ਸੰਸਦ ਭਵਨ ਵਿੱਚ, ਪ੍ਰੇਰਨਾ ਸਥਲ 'ਤੇ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਭੇਂਟ ਕੀਤੀ।

-----------------------------------------------------

ਉਧਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜੀਵਨ ਸੰਘਰਸ਼, ਗਿਆਨ ਅਤੇ ਮਜ਼ਬੂਤ ਇਰਾਦੇ ਦੀ ਇਕ ਵਿਲੱਖਣ ਮਿਸਾਲ ਏ। ਉਨ੍ਹਾਂ ਦੇ ਵਿਚਾਰ ਸਾਨੂੰ ਇਕ ਅਜਿਹੇ ਸਮਾਜ ਦੇ ਨਿਰਮਾਣ ਲਈ ਪ੍ਰੇਰਿਤ ਕਰਦੇ ਨੇ, ਜਿਥੇ ਹਰੇਕ ਨਾਗਰਿਕ ਨੂੰ ਬਰਾਬਰ ਅਧਿਕਾਰ, ਸਤਿਕਾਰ ਅਤੇ ਮੌਕੇ ਪ੍ਰਾਪਤ ਹੋਣ। ਇਸੇ ਦੌਰਾਨ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿਚ ਪ੍ਰਸ਼ਾਸਨ ਅਤੇ ਹੋਰਨਾਂ ਸੰਸਥਾਵਾਂ ਵੱਲੋਂ ਕਰਵਾਏ ਗਏ ਸਮਾਗਮਾਂ ਦੌਰਾਨ ਡਾ. ਭੀਮ ਰਾਓ ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਜਲੰਧਰ ਸਥਿਤ ਆਕਾਸ਼ਵਾਣੀ ਅਤੇ ਦੂਰਦਰਸ਼ਨ ਕੇਂਦਰ ਦੇ ਸਟਾਫ ਵੱਲੋਂ ਵੀ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਦਿੱਤੀ ਗਈ।

-----------------------------------------------------

ਅੱਜ ਪੰਜਾਬ ਵਿੱਚ ਵਿਸਾਖੀ ਦਾ ਤਿਉਹਾਰ ਸ਼ਰਧਾ, ਉਤਸ਼ਾਹ ਅਤੇ ਭਾਈਚਾਰੇ ਨਾਲ ਮਨਾਇਆ ਜਾ ਰਿਹਾ ਏ । ਇਸ ਮੌਕੇ ਦਾ ਧਾਰਮਿਕ, ਸੱਭਿਆਚਾਰਕ ਅਤੇ ਇਤਿਹਾਸਕ ਮਹੱਤਵ ਏ । ਇਸੇ ਦਿਨ 1699 ਵਿੱਚ

ਦਸਵੇਂ ਗੁਰੂ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਖਾਲਸਾ ਪੰਥ ਦੀ ਸਥਾਪਨਾ ਕੀਤੀ ਗਈ ਸੀ।

ਪੇਸ਼ ਏ ਇੱਕ ਰਿਪੋਰਟ

ਹਜ਼ਾਰਾਂ ਸ਼ਰਧਾਲੂ ਸਿੱਖ ਧਰਮ ਦੀ ਸਥਾਪਨਾ ਦੇ ਸਥਾਨ ਸ੍ਰੀ ਆਨੰਦਪੁਰ ਸਾਹਿਬ ਦੇ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕ ਰਹੇ ਹਨ ਅਤੇ ਕੀਰਤਨੀ ਜਥਿਆਂ ਵਲੋਂ ਪੇਸ਼ ਕੀਤੇ ਜਾ ਰਹੇ ਕੀਰਤਨ ਦਾ ਆਨੰਦ ਮਾਣ ਰਹੇ ਨੇ । 12 ਅਪ੍ਰੈਲ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ਼ੁਰੂ ਹੋਏ ਅਖੰਡ ਪਾਠ ਸਾਹਿਬ ਦੇ ਅਜੇ ਭੋਗ ਪਾਏ ਗਏ ਅਤੇ ਧਾਰਮਿਕ ਦੀਵਾਨ ਸਜਾਏ ਗਏ ।

ਦੇਸ਼ ਭਰ ਦੇ ਗੁਰਦੁਆਰਿਆਂ ਵਿੱਚ ਵੀ ਖਾਲਸਾ ਸਥਾਪਨਾ ਦਿਵਸ ਬਹੁਤ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ।ਭਾਰਤ ਤੋਂ ਵੱਡੀ ਗਿਣਤੀ ਵਿੱਚ ਸਿੱਖ ਸ਼ਰਧਾਲੂ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਮਨਾਉਣ ਲਈ ਪਾਕਿਸਤਾਨ ਦੇ ਇਤਿਹਾਸਕ ਗੁਰਦੁਆਰਿਆਂ ਚ ਪਹੁੰਚ ਕੇ ਮੱਥਾ ਟੇਕ ਰਹੇ ਨੇ । ਤਖਤ ਸ੍ਰੀ ਕੇਸਗੜ ਸਾਹਿਬ ਦੇ ਜਥੇਦਾਰ, ਕੁਲਦੀਪ ਸਿੰਘ ਗੜਗੱਜ ਨੇ ਦੇਸ਼ ਵਿਦੇਸ਼ ਵਿੱਚ ਵੱਸਦੀ ਸੰਗਤ ਨੂੰ ਵਧਾਈਆਂ ਦਿਤੀਆਂ।

BYTE

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸਾਖੀ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ ਸਮੂਹ ਪੰਜਾਬ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 20 ਅਪ੍ਰੈਲ ਨੂੰ ਹੋਵੇਗੀ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ

ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਇਹ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਸ੍ਰੀ ਅੰਮ੍ਰਿਤਸਰ ਵਿਖੇ ਸਵੇਰੇ 11 ਵਜੇ ਹੋਵੇਗੀ।

--------------------------------------------------

ਪਟਿਆਲਾ ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਏ.ਡੀ.ਸੀ. ਸਿਮਰਪ੍ਰੀਤ ਕੌਰ ਦੀ ਅਗਵਾਈ ਹੇਠ ਹੋਈ ਉਚ ਪੱਧਰੀ ਬੈਠਕ ਮੌਕੇ 150 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ।

ਏ.ਡੀ.ਸੀ. ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਪ੍ਰਸ਼ਾਸਨ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਵਿਧਾਨ ਸਭਾ ਹਲਕਾ ਵਾਰ ਕੀਤੀਆਂ ਗਈਆਂ ਬੈਠਕਾਂ ਦੌਰਾਨ ਕਰੀਬ 216 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ ਮੌਕੇ ਉਤੇ ਹੀ 150 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਏ। ਇਸ ਤੋਂ ਇਲਾਵਾ 13 ਸ਼ਿਕਾਇਤਾਂ ਅਜਿਹੀਆਂ ਨੇ, ਜਿਨ੍ਹਾਂ 'ਤੇ ਕਾਰਵਾਈ ਕੀਤੀ ਜਾ ਰਹੀ ਏ ਤੇ 46 ਸ਼ਿਕਾਇਤਾਂ ਸਬੰਧਤ ਵਿਭਾਗਾਂ ਨੂੰ ਭੇਜੀਆਂ ਗਈਆਂ ਨੇ ਅਤੇ ਬਾਕੀ ਦਾ ਵੀ ਜਲਦ ਨਿਪਟਾਰਾ ਕਰ ਦਿੱਤਾ ਜਾਵੇਗਾ।

--------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ, ਨਗਰ ਨਿਗਮ ਕਪੂਰਥਲਾ ਦੀਆਂ ਵੋਟਰ ਸੂਚੀਆਂ ਦੀ ਤਿਆਰੀ ਅਤੇ ਸੁਧਾਈ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਏ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਕਪੂਰਥਲਾ ਅਕਾਸ਼ ਬਾਂਸਲ ਨੇ ਦੱਸਿਆ ਕਿ  ਵੋਟਰ ਸੂਚੀ ਦੀ ਪ੍ਰਕਾਸ਼ਨਾ ਭਲਕੇ 15 ਅਪ੍ਰੈਲ ਨੂੰ ਜ਼ਿਲ੍ਹੇ ਦੀ ਵੈੱਬਸਾਈਟ 'ਤੇ ਉਪਲਬਧ ਕਰਵਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਤਰਾਜ਼ ਅਤੇ ਦਾਅਵੇ 17 ਅਪ੍ਰੈਲ ਤੋਂ 23 ਅਪ੍ਰੈਲ ਤੱਕ ਦਰਜ ਕਰਵਾਏ ਜਾ ਸਕਦੇ ਨੇ। ਇਸ ਤੋਂ ਇਲਾਵਾ ਵੋਟਰਾਂ ਦੀ ਸਹੂਲਤ ਲਈ  20 ਅਪ੍ਰੈਲ ਅਤੇ 21 ਅਪ੍ਰੈਲ ਤੱਕ ਵਿਸ਼ੇਸ਼ ਕੈਂਪ ਲਾਏ ਜਾਣਗੇ। ਦਾਅਵਿਆਂ ਤੇ ਇਤਰਾਜਾਂ ਦਾ ਨਿਪਟਾਰਾ 30 ਅਪ੍ਰੈਲ ਤੱਕ ਪੂਰਾ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ 5 ਮਈ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਜੋ 23 ਅਪ੍ਰੈਲ 2026 ਨੂੰ 18 ਸਾਲ ਦੀ ਉਮਰ ਪੂਰੀ ਕਰਦਾ ਏ, ਉਹ ਆਪਣਾ ਨਾਂ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਯੋਗ ਹੋਵੇਗਾ।

---------------------------------------------------------------------------